**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.),
ਪੰਜਾਬ ਰਾਜ।

ਮੀਮੋ ਨੰ: 15/24-2020 CO/ਤਤਣ/2021 94109
ਮਿਤੀ: 17-03-2021

**ਵਿਸ਼ਾ:-** **8ਵੀਂ ਅਤੇ 12ਵੀਂ ਜਮਾਤਾਂ ਲਈ ਪ੍ਰੀਖਿਆਵਾਂ ਡਿਊਟੀਆਂ ਲਗਾਉਣ ਬਾਰੇ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਜਿਵੇਂ ਕਿ ਆਪ ਨੂੰ ਪਤਾ ਹੀ ਹੈ ਕਿ 10ਵੀਂ ਜਮਾਤ ਦੀਆਂ ਪ੍ਰੀਖਿਆਵਾਂ ਮਿਤੀ 04.05.2021 ਤੋਂ ਸ਼ੁਰੂ ਹੋ ਰਹੀਆਂ ਹਨ। ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕੋਵਿਡ-19 ਕਾਰਨ ਵਿਦਿਆਰਥੀਆਂ ਨੂੰ ਸਕੂਲਾਂ ਵਿੱਚ ਨਹੀਂ ਬੁਲਾਇਆ ਜਾ ਰਿਹਾ, ਪ੍ਰੰਤੂ 10ਵੀਂ ਜਮਾਤ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਦੀ ਡਿਊਟੀ ਅਜੇ ਵੀ ਆਨ-ਲਾਈਨ ਕਲਾਸਾਂ ਲੈਣ ਲਈ ਲੱਗੀ ਹੋਈ ਹੈ, ਜਿਸ ਕਾਰਨ ਇਹ ਅਧਿਆਪਕ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਵਿੱਚ ਰੁੱਝੇ ਹੋਏ ਹਨ।

3.0 ਉਪਰੋਕਤ ਦੇ ਮੱਦੇਨਜ਼ਰ ਆਪ ਨੂੰ ਲਿਖਿਆ ਜਾਂਦਾ ਹੈ ਕਿ ਜਿੱਥੋਂ ਤੱਕ ਸੰਭਵ ਹੋ ਸਕੇ 8ਵੀਂ ਅਤੇ 12ਵੀਂ ਜਮਾਤਾਂ ਦੀਆਂ ਹੋਣ ਵਾਲੀਆਂ ਪ੍ਰੀਖਿਆਵਾਂ ਵਿੱਚ 10ਵੀਂ ਜਮਾਤ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ ਦੀ ਡਿਊਟੀ ਨਾ ਲਗਾਈ ਜਾਵੇ।

**ਸਕੱਤਰ ਸਕੂਲ ਸਿੱਖਿਆ**